ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

॥ ਜਪੁ ॥

ਆਦਿ ਸਚੁ ਜੁਗਾਦਿ ਸਚੁ ॥ ਹੈ ਭੀ ਸਚੁ ਨਾਨਕ ਹੋਸੀ ਭੀ ਸਚੁ ॥੧॥

ਸੋਚੈ ਸੋਚਿ ਨ ਹੋਵਈ ਜੇ ਸੋਚੀ ਲਖ ਵਾਰ ॥ ਚੁਪੈ ਚੁਪ ਨ ਹੋਵਈ ਜੇ ਲਾਇ ਰਹਾ ਲਿਵ ਤਾਰ ॥ ਭੁਖਿਆ ਭੁਖ ਨ ਉਤਰੀ ਜੇ ਬੰਨਾ ਪੁਰੀਆ ਭਾਰ ॥ ਸਹਸ ਸਿਆਣਪਾ ਲਖ ਹੋਹਿ ਤ ਇਕ ਨ ਚਲੈ ਨਾਲਿ ॥ ਕਿਵ ਸਚਿਆਰਾ ਹੋਈਐ ਕਿਵ ਕੂੜੈ ਤੁਟੈ ਪਾਲਿ ॥ ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ ॥੧॥ ਹੁਕਮੀ ਹੋਵਨਿ ਆਕਾਰ ਹੁਕਮੁ ਨ ਕਹਿਆ ਜਾਈ ॥ ਹੁਕਮੀ ਹੋਵਨਿ ਜੀਅ ਹੁਕਮਿ ਮਿਲੈ ਵਡਿਆਈ ॥ ਹੁਕਮੀ ਉਤਮੁ ਨੀਚੁ ਹੁਕਮਿ ਲਿਖਿ ਦੁਖ ਸੁਖ ਪਾਈਅਹਿ ॥ ਇਕਨਾ ਹੁਕਮੀ ਬਖਸੀਸ ਇਕਿ ਹੁਕਮੀ ਸਦਾ ਭਵਾਈਅਹਿ ॥ ਹੁਕਮੈ ਅੰਦਰਿ ਸਭੁ ਕੋ ਬਾਹਰਿ ਹੁਕਮ ਨ ਕੋਇ ॥ ਨਾਨਕ ਹੁਕਮੈ ਜੇ ਬੁਝੈ ਤ ਹਉਮੈ ਕਹੈ ਨ ਕੋਇ ॥੨॥ ਗਾਵੈ ਕੋ ਤਾਣੁ ਹੋਵੈ ਕਿਸੈ ਤਾਣੁ ॥ ਗਾਵੈ ਕੋ ਦਾਤਿ ਜਾਣੈ ਨੀਸਾਣੁ ॥ ਗਾਵੈ ਕੋ ਗੁਣ ਵਡਿਆਈਆ ਚਾਰ ॥ ਗਾਵੈ ਕੋ ਵਿਦਿਆ ਵਿਖਮੁ ਵੀਚਾਰੁ ॥ ਗਾਵੈ ਕੋ ਸਾਜਿ ਕਰੇ ਤਨੁ ਖੇਹ ॥ ਗਾਵੈ ਕੋ ਜੀਅ ਲੈ ਫਿਰਿ ਦੇਹ ॥ ਗਾਵੈ

ਕੋ ਜਾਪੈ ਦਿਸੈ ਦੂਰਿ ॥ ਗਾਵੈ ਕੋ ਵੇਖੈ ਹਾਦਰਾ ਹਦੂਰਿ ॥ ਕਥਨਾ ਕਥੀ ਨ ਆਵੈ ਤੋਟਿ ॥ ਕਥਿ ਕਥਿ ਕਥੀ
ਕੋਟੀ ਕੋਟਿ ਕੋਟਿ ॥ ਦੇਦਾ ਦੇ ਲੈਦੇ ਥਕਿ ਪਾਹਿ ॥ ਜੁਗਾ ਜੁਗੰਤਰਿ ਖਾਹੀ ਖਾਹਿ ॥ ਹੁਕਮੀ ਹੁਕਮੁ ਚਲਾਏ ਰਾਹੁ ॥
ਨਾਨਕ ਵਿਗਸੈ ਵੇਪਰਵਾਹੁ ॥੩॥ ਸਾਚਾ ਸਾਹਿਬੁ ਸਾਚੁ ਨਾਇ ਭਾਖਿਆ ਭਾਉ ਅਪਾਰੁ ॥ ਆਖਹਿ ਮੰਗਹਿ
ਦੇਹਿ ਦੇਹਿ ਦਾਤਿ ਕਰੇ ਦਾਤਾਰੁ ॥ ਫੇਰਿ ਕਿ ਅਗੈ ਰਖੀਐ ਜਿਤੁ ਦਿਸੈ ਦਰਬਾਰੁ ॥ ਮੁਹੌ ਕਿ ਬੋਲਣੁ ਬੋਲੀਐ
ਜਿਤੁ ਸੁਣਿ ਧਰੇ ਪਿਆਰੁ ॥ ਅੰਮ੍ਰਿਤ ਵੇਲਾ ਸਚੁ ਨਾਉ ਵਡਿਆਈ ਵੀਚਾਰੁ ॥ ਕਰਮੀ ਆਵੈ ਕਪੜਾ ਨਦਰੀ
ਮੋਖੁ ਦੁਆਰੁ ॥ ਨਾਨਕ ਏਵੈ ਜਾਣੀਐ ਸਭੁ ਆਪੇ ਸਚਿਆਰੁ ॥੪॥ ਥਾਪਿਆ ਨ ਜਾਇ ਕੀਤਾ ਨ ਹੋਇ ॥
ਆਪੇ ਆਪਿ ਨਿਰੰਜਨੁ ਸੋਇ ॥ ਜਿਨਿ ਸੇਵਿਆ ਤਿਨਿ ਪਾਇਆ ਮਾਨੁ ॥ ਨਾਨਕ ਗਾਵੀਐ ਗੁਣੀ ਨਿਧਾਨੁ ॥
ਗਾਵੀਐ ਸੁਣੀਐ ਮਨਿ ਰਖੀਐ ਭਾਉ ॥ ਦੁਖੁ ਪਰਹਰਿ ਸੁਖੁ ਘਰਿ ਲੈ ਜਾਇ ॥ ਗੁਰਮੁਖਿ ਨਾਦੰ ਗੁਰਮੁਖਿ ਵੇਦੰ
ਗੁਰਮੁਖਿ ਰਹਿਆ ਸਮਾਈ ॥ ਗੁਰੁ ਈਸਰੁ ਗੁਰੁ ਗੋਰਖੁ ਬਰਮਾ ਗੁਰੁ ਪਾਰਬਤੀ ਮਾਈ ॥ ਜੇ ਹਉ ਜਾਣਾ ਆਖਾ
ਨਾਹੀ ਕਹਣਾ ਕਥਨੁ ਨ ਜਾਈ ॥ ਗੁਰਾ ਇਕ ਦੇਹਿ ਬੁਝਾਈ ॥ ਸਭਨਾ ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ
ਨ ਜਾਈ ॥੫॥ ਤੀਰਥਿ ਨਾਵਾ ਜੇ ਤਿਸੁ ਭਾਵਾ ਵਿਣੁ ਭਾਣੇ ਕਿ ਨਾਇ ਕਰੀ ॥ ਜੇਤੀ ਸਿਰਠਿ ਉਪਾਈ ਵੇਖਾ
ਵਿਣੁ ਕਰਮਾ ਕਿ ਮਿਲੈ ਲਈ ॥ ਮਤਿ ਵਿਚਿ ਰਤਨ ਜਵਾਹਰ ਮਾਣਿਕ ਜੇ ਇਕ ਗੁਰ ਕੀ ਸਿਖ ਸੁਣੀ ॥ ਗੁਰਾ
ਇਕ ਦੇਹਿ ਬੁਝਾਈ ॥ ਸਭਨਾ ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ ਨ ਜਾਈ ॥੬॥ ਜੇ ਜੁਗ ਚਾਰੇ ਆਰਜਾ ਹੋਰ
ਦਸੂਣੀ ਹੋਇ ॥ ਨਵਾ ਖੰਡਾ ਵਿਚਿ ਜਾਣੀਐ ਨਾਲਿ ਚਲੈ ਸਭੁ ਕੋਇ ॥ ਚੰਗਾ ਨਾਉ ਰਖਾਇ ਕੈ ਜਸੁ ਕੀਰਤਿ ਜਗਿ
ਲੇਇ ॥ ਜੇ ਤਿਸੁ ਨਦਰਿ ਨ ਆਵਈ ਤ ਵਾਤ ਨ ਪੁਛੈ ਕੇ ॥ ਕੀਟਾ ਅੰਦਰਿ ਕੀਟੁ ਕਰਿ ਦੋਸੀ ਦੋਸੁ ਧਰੇ ॥ ਨਾਨਕ
ਨਿਰਗੁਣਿ ਗੁਣੁ ਕਰੇ ਗੁਣਵੰਤਿਆ ਗੁਣੁ ਦੇ ॥ ਤੇਹਾ ਕੋਇ ਨ ਸੁਝਈ ਜਿ ਤਿਸੁ ਗੁਣੁ ਕੋਇ ਕਰੇ ॥੭॥ ਸੁਣਿਐ
ਸਿਧ ਪੀਰ ਸੁਰਿ ਨਾਥ ॥ ਸੁਣਿਐ ਧਰਤਿ ਧਵਲ ਆਕਾਸ ॥ ਸੁਣਿਐ ਦੀਪ ਲੋਅ ਪਾਤਾਲ ॥ ਸੁਣਿਐ ਪੋਹਿ ਨ ਸਕੈ
ਕਾਲੁ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੮॥ ਸੁਣਿਐ ਈਸਰੁ ਬਰਮਾ ਇੰਦੁ ॥
ਸੁਣਿਐ ਮੁਖਿ ਸਾਲਾਹਣ ਮੰਦੁ ॥ ਸੁਣਿਐ ਜੋਗ ਜੁਗਤਿ ਤਨਿ ਭੇਦ ॥ ਸੁਣਿਐ ਸਾਸਤ ਸਿਮ੍ਰਿਤਿ ਵੇਦ ॥ ਨਾਨਕ ਭਗਤਾ

ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੯॥ ਸੁਣਿਐ ਸਤੁ ਸੰਤੋਖੁ ਗਿਆਨੁ ॥ ਸੁਣਿਐ ਅਠਸਠਿ ਕਾ
ਇਸਨਾਨੁ ॥ ਸੁਣਿਐ ਪੜਿ ਪੜਿ ਪਾਵਹਿ ਮਾਨੁ ॥ ਸੁਣਿਐ ਲਾਗੈ ਸਹਜਿ ਧਿਆਨੁ ॥ ਨਾਨਕ ਭਗਤਾ ਸਦਾ ਵਿਗਾਸੁ ॥
ਸੁਣਿਐ ਦੂਖ ਪਾਪ ਕਾ ਨਾਸੁ ॥੧੦॥ ਸੁਣਿਐ ਸਰਾ ਗੁਣਾ ਕੇ ਗਾਹ ॥ ਸੁਣਿਐ ਸੇਖ ਪੀਰ ਪਾਤਿਸਾਹ ॥ ਸੁਣਿਐ ਅੰਧੇ
ਪਾਵਹਿ ਰਾਹੁ ॥ ਸੁਣਿਐ ਹਾਥ ਹੋਵੈ ਅਸਗਾਹੁ ॥ ਨਾਨਕ ਭਗਤਾ ਸਦਾ ਵਿਗਾਸੁ ॥ ਸੁਣਿਐ ਦੂਖ ਪਾਪ ਕਾ ਨਾਸੁ ॥੧੧॥
ਮੰਨੇ ਕੀ ਗਤਿ ਕਹੀ ਨ ਜਾਇ ॥ ਜੇ ਕੋ ਕਹੈ ਪਿਛੈ ਪਛੁਤਾਇ ॥ ਕਾਗਦਿ ਕਲਮ ਨ ਲਿਖਣਹਾਰੁ ॥ ਮੰਨੇ ਕਾ ਬਹਿ
ਕਰਨਿ ਵੀਚਾਰੁ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੨॥ ਮੰਨੈ ਸੁਰਤਿ ਹੋਵੈ ਮਨਿ ਬੁਧਿ ॥
ਮੰਨੈ ਸਗਲ ਭਵਣ ਕੀ ਸੁਧਿ ॥ ਮੰਨੈ ਮੁਹਿ ਚੋਟਾ ਨਾ ਖਾਇ ॥ ਮੰਨੈ ਜਮ ਕੈ ਸਾਥਿ ਨ ਜਾਇ ॥ ਐਸਾ ਨਾਮੁ ਨਿਰੰਜਨੁ
ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੩॥ ਮੰਨੈ ਮਾਰਗਿ ਠਾਕ ਨ ਪਾਇ ॥ ਮੰਨੈ ਪਤਿ ਸਿਉ ਪਰਗਟੁ ਜਾਇ ॥
ਮੰਨੈ ਮਗੁ ਨ ਚਲੈ ਪੰਥੁ ॥ ਮੰਨੈ ਧਰਮ ਸੇਤੀ ਸਨਬੰਧੁ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥
੧੪॥ ਮੰਨੈ ਪਾਵਹਿ ਮੋਖੁ ਦੁਆਰੁ ॥ ਮੰਨੈ ਪਰਵਾਰੈ ਸਾਧਾਰੁ ॥ ਮੰਨੈ ਤਰੈ ਤਾਰੇ ਗੁਰੁ ਸਿਖ ॥ ਮੰਨੈ ਨਾਨਕ ਭਵਹਿ
ਨ ਭਿਖ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੫॥ ਪੰਚ ਪਰਵਾਣ ਪੰਚ ਪਰਧਾਨੁ ॥
ਪੰਚੇ ਪਾਵਹਿ ਦਰਗਹਿ ਮਾਨੁ ॥ ਪੰਚੇ ਸੋਹਹਿ ਦਰਿ ਰਾਜਾਨੁ ॥ ਪੰਚਾ ਕਾ ਗੁਰੁ ਏਕੁ ਧਿਆਨੁ ॥ ਜੇ ਕੋ ਕਹੈ ਕਰੈ
ਵੀਚਾਰੁ ॥ ਕਰਤੇ ਕੈ ਕਰਣੈ ਨਾਹੀ ਸੁਮਾਰੁ ॥ ਧੌਲੁ ਧਰਮੁ ਦਇਆ ਕਾ ਪੂਤੁ ॥ ਸੰਤੋਖੁ ਥਾਪਿ ਰਖਿਆ ਜਿਨਿ ਸੂਤਿ ॥
ਜੇ ਕੋ ਬੁਝੈ ਹੋਵੈ ਸਚਿਆਰੁ ॥ ਧਵਲੈ ਉਪਰਿ ਕੇਤਾ ਭਾਰੁ ॥ ਧਰਤੀ ਹੋਰੁ ਪਰੈ ਹੋਰੁ ਹੋਰੁ ॥ ਤਿਸ ਤੇ ਭਾਰੁ ਤਲੈ ਕਵਣੁ ਜੋਰੁ ॥
ਜੀਅ ਜਾਤਿ ਰੰਗਾ ਕੇ ਨਾਵ ॥ ਸਭਨਾ ਲਿਖਿਆ ਵੁੜੀ ਕਲਾਮ ॥ ਏਹੁ ਲੇਖਾ ਲਿਖਿ ਜਾਣੈ ਕੋਇ ॥ ਲੇਖਾ
ਲਿਖਿਆ ਕੇਤਾ ਹੋਇ ॥ ਕੇਤਾ ਤਾਣੁ ਸੁਆਲਿਹੁ ਰੂਪੁ ॥ ਕੇਤੀ ਦਾਤਿ ਜਾਣੈ ਕੌਣੁ ਕੂਤੁ ॥ ਕੀਤਾ ਪਸਾਉ ਏਕੋ
ਕਵਾਉ ॥ ਤਿਸ ਤੇ ਹੋਏ ਲਖ ਦਰੀਆਉ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥
ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੬॥ ਅਸੰਖ ਜਪ ਅਸੰਖ ਭਾਉ ॥
ਅਸੰਖ ਪੂਜਾ ਅਸੰਖ ਤਪ ਤਾਉ ॥ ਅਸੰਖ ਗਰੰਥ ਮੁਖਿ ਵੇਦ ਪਾਠ ॥ ਅਸੰਖ ਜੋਗ ਮਨਿ ਰਹਹਿ

ਉਦਾਸ ॥ ਅਸੰਖ ਭਗਤ ਗੁਣ ਗਿਆਨ ਵੀਚਾਰ ॥ ਅਸੰਖ ਸਤੀ ਅਸੰਖ ਦਾਤਾਰ ॥ ਅਸੰਖ ਸੂਰ ਮੁਹ ਭਖ ਸਾਰ ॥
ਅਸੰਖ ਮੋਨਿ ਲਿਵ ਲਾਇ ਤਾਰ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ
ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੭॥ ਅਸੰਖ ਮੂਰਖ ਅੰਧ ਘੋਰ ॥ ਅਸੰਖ ਚੋਰ ਹਰਾਮਖੋਰ ॥
ਅਸੰਖ ਅਮਰ ਕਰਿ ਜਾਹਿ ਜੋਰ ॥ ਅਸੰਖ ਗਲਵਢ ਹਤਿਆ ਕਮਾਹਿ ॥ ਅਸੰਖ ਪਾਪੀ ਪਾਪੁ ਕਰਿ ਜਾਹਿ ॥ ਅਸੰਖ
ਕੂੜਿਆਰ ਕੂੜੇ ਫਿਰਾਹਿ ॥ ਅਸੰਖ ਮਲੇਛ ਮਲੁ ਭਖਿ ਖਾਹਿ ॥ ਅਸੰਖ ਨਿੰਦਕ ਸਿਰਿ ਕਰਹਿ ਭਾਰੁ ॥ ਨਾਨਕੁ ਨੀਚੁ
ਕਹੈ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥
੧੮॥ ਅਸੰਖ ਨਾਵ ਅਸੰਖ ਥਾਵ ॥ ਅਗੰਮ ਅਗੰਮ ਅਸੰਖ ਲੋਅ ॥ ਅਸੰਖ ਕਹਹਿ ਸਿਰਿ ਭਾਰੁ ਹੋਇ ॥ ਅਖਰੀ ਨਾਮੁ
ਅਖਰੀ ਸਾਲਾਹ ॥ ਅਖਰੀ ਗਿਆਨੁ ਗੀਤ ਗੁਣ ਗਾਹ ॥ ਅਖਰੀ ਲਿਖਣੁ ਬੋਲਣੁ ਬਾਣਿ ॥ ਅਖਰਾ ਸਿਰਿ ਸੰਜੋਗੁ
ਵਖਾਣਿ ॥ ਜਿਨਿ ਏਹਿ ਲਿਖੇ ਤਿਸੁ ਸਿਰਿ ਨਾਹਿ ॥ ਜਿਵ ਫੁਰਮਾਏ ਤਿਵ ਤਿਵ ਪਾਹਿ ॥ ਜੇਤਾ ਕੀਤਾ ਤੇਤਾ
ਨਾਉ ॥ ਵਿਣੁ ਨਾਵੈ ਨਾਹੀ ਕੋ ਥਾਉ ॥ ਕੁਦਰਤਿ ਕਵਣ ਕਹਾ ਵੀਚਾਰੁ ॥ ਵਾਰਿਆ ਨ ਜਾਵਾ ਏਕ ਵਾਰ ॥ ਜੋ ਤੁਧੁ
ਭਾਵੈ ਸਾਈ ਭਲੀ ਕਾਰ ॥ ਤੂ ਸਦਾ ਸਲਾਮਤਿ ਨਿਰੰਕਾਰ ॥੧੯॥ ਭਰੀਐ ਹਥੁ ਪੈਰੁ ਤਨੁ ਦੇਹ ॥ ਪਾਣੀ ਧੋਤੈ
ਉਤਰਸੁ ਖੇਹ ॥ ਮੂਤ ਪਲੀਤੀ ਕਪੜੁ ਹੋਇ ॥ ਦੇ ਸਾਬੂਣੁ ਲਈਐ ਓਹੁ ਧੋਇ ॥ ਭਰੀਐ ਮਤਿ ਪਾਪਾ ਕੈ ਸੰਗਿ ॥
ਓਹੁ ਧੋਪੈ ਨਾਵੈ ਕੈ ਰੰਗਿ ॥ ਪੁੰਨੀ ਪਾਪੀ ਆਖਣੁ ਨਾਹਿ ॥ ਕਰਿ ਕਰਿ ਕਰਣਾ ਲਿਖਿ ਲੈ ਜਾਹੁ ॥ ਆਪੇ ਬੀਜਿ ਆਪੇ
ਹੀ ਖਾਹੁ ॥ ਨਾਨਕ ਹੁਕਮੀ ਆਵਹੁ ਜਾਹੁ ॥੨੦॥ ਤੀਰਥੁ ਤਪੁ ਦਇਆ ਦਤੁ ਦਾਨੁ ॥ ਜੇ ਕੋ ਪਾਵੈ ਤਿਲ ਕਾ ਮਾਨੁ ॥
ਸੁਣਿਆ ਮੰਨਿਆ ਮਨਿ ਕੀਤਾ ਭਾਉ ॥ ਅੰਤਰਗਤਿ ਤੀਰਥਿ ਮਲਿ ਨਾਉ ॥ ਸਭਿ ਗੁਣ ਤੇਰੇ ਮੈ ਨਾਹੀ ਕੋਇ ॥
ਵਿਣੁ ਗੁਣ ਕੀਤੇ ਭਗਤਿ ਨ ਹੋਇ ॥ ਸੁਅਸਤਿ ਆਥਿ ਬਾਣੀ ਬਰਮਾਉ ॥ ਸਤਿ ਸੁਹਾਣੁ ਸਦਾ ਮਨਿ ਚਾਉ ॥ ਕਵਣੁ
ਸੁ ਵੇਲਾ ਵਖਤੁ ਕਵਣੁ ਕਵਣ ਥਿਤਿ ਕਵਣੁ ਵਾਰੁ ॥ ਕਵਣਿ ਸਿ ਰੁਤੀ ਮਾਹੁ ਕਵਣੁ ਜਿਤੁ ਹੋਆ ਆਕਾਰੁ ॥ ਵੇਲ ਨ
ਪਾਈਆ ਪੰਡਤੀ ਜਿ ਹੋਵੈ ਲੇਖੁ ਪੁਰਾਣੁ ॥ ਵਖਤੁ ਨ ਪਾਇਓ ਕਾਦੀਆ ਜਿ ਲਿਖਨਿ ਲੇਖੁ ਕੁਰਾਣੁ ॥ ਥਿਤਿ ਵਾਰੁ ਨਾ
ਜੋਗੀ ਜਾਣੈ ਰੁਤਿ ਮਾਹੁ ਨਾ ਕੋਈ ॥ ਜਾ ਕਰਤਾ ਸਿਰਠੀ ਕਉ ਸਾਜੇ ਆਪੇ ਜਾਣੈ ਸੋਈ ॥ ਕਿਵ ਕਰਿ ਆਖਾ ਕਿਵ

ਸਾਲਾਹੀ ਕਿਉ ਵਰਨੀ ਕਿਵ ਜਾਣਾ ॥ ਨਾਨਕ ਆਖਣਿ ਸਭੁ ਕੋ ਆਖੈ ਇਕ ਦੂ ਇਕੁ ਸਿਆਣਾ ॥ ਵਡਾ ਸਾਹਿਬੁ ਵਡੀ ਨਾਈ ਕੀਤਾ ਜਾ ਕਾ ਹੋਵੈ ॥ ਨਾਨਕ ਜੇ ਕੋ ਆਪੌ ਜਾਣੈ ਅਗੈ ਗਇਆ ਨ ਸੋਹੈ ॥੨੧॥ ਪਾਤਾਲਾ ਪਾਤਾਲ ਲਖ ਆਗਾਸਾ ਆਗਾਸ ॥ ਓੜਕ ਓੜਕ ਭਾਲਿ ਥਕੇ ਵੇਦ ਕਹਨਿ ਇਕ ਵਾਤ ॥ ਸਹਸ ਅਠਾਰਹ ਕਹਨਿ ਕਤੇਬਾ ਅਸੁਲੂ ਇਕੁ ਧਾਤੁ ॥ ਲੇਖਾ ਹੋਇ ਤ ਲਿਖੀਐ ਲੇਖੈ ਹੋਇ ਵਿਣਾਸੁ ॥ ਨਾਨਕ ਵਡਾ ਆਖੀਐ ਆਪੇ ਜਾਣੈ ਆਪੁ ॥ ੨੨॥ ਸਾਲਾਹੀ ਸਾਲਾਹਿ ਏਤੀ ਸੁਰਤਿ ਨ ਪਾਈਆ ॥ ਨਦੀਆ ਅਤੈ ਵਾਹ ਪਵਹਿ ਸਮੁੰਦਿ ਨ ਜਾਣੀਅਹਿ ॥ ਸਮੁੰਦ ਸਾਹ ਸੁਲਤਾਨ ਗਿਰਹਾ ਸੇਤੀ ਮਾਲੁ ਧਨੁ ॥ ਕੀੜੀ ਤੁਲਿ ਨ ਹੋਵਨੀ ਜੇ ਤਿਸੁ ਮਨਹੁ ਨ ਵੀਸਰਹਿ ॥੨੩॥ ਅੰਤੁ ਨ ਸਿਫਤੀ ਕਹਣਿ ਨ ਅੰਤੁ ॥ ਅੰਤੁ ਨ ਕਰਣੈ ਦੇਣਿ ਨ ਅੰਤੁ ॥ ਅੰਤੁ ਨ ਵੇਖਣਿ ਸੁਣਣਿ ਨ ਅੰਤੁ ॥ ਅੰਤੁ ਨ ਜਾਪੈ ਕਿਆ ਮਨਿ ਮੰਤੁ ॥ ਅੰਤੁ ਨ ਜਾਪੈ ਕੀਤਾ ਆਕਾਰੁ ॥ ਅੰਤੁ ਨ ਜਾਪੈ ਪਾਰਾਵਾਰੁ ॥ ਅੰਤ ਕਾਰਣਿ ਕੇਤੇ ਬਿਲਲਾਹਿ ॥ ਤਾ ਕੇ ਅੰਤ ਨ ਪਾਏ ਜਾਹਿ ॥ ਏਹੁ ਅੰਤੁ ਨ ਜਾਣੈ ਕੋਇ ॥ ਬਹੁਤਾ ਕਹੀਐ ਬਹੁਤਾ ਹੋਇ ॥ ਵਡਾ ਸਾਹਿਬੁ ਊਚਾ ਥਾਉ ॥ ਊਚੇ ਉਪਰਿ ਊਚਾ ਨਾਉ ॥ ਏਵਡੁ ਊਚਾ ਹੋਵੈ ਕੋਇ ॥ ਤਿਸੁ ਊਚੇ ਕਉ ਜਾਣੈ ਸੋਇ ॥ ਜੇਵਡੁ ਆਪਿ ਜਾਣੈ ਆਪਿ ਆਪਿ ॥ ਨਾਨਕ ਨਦਰੀ ਕਰਮੀ ਦਾਤਿ ॥੨੪॥ ਬਹੁਤਾ ਕਰਮੁ ਲਿਖਿਆ ਨਾ ਜਾਇ ॥ ਵਡਾ ਦਾਤਾ ਤਿਲੁ ਨ ਤਮਾਇ ॥ ਕੇਤੇ ਮੰਗਹਿ ਜੋਧ ਅਪਾਰ ॥ ਕੇਤਿਆ ਗਣਤ ਨਹੀ ਵੀਚਾਰੁ ॥ ਕੇਤੇ ਖਪਿ ਤੁਟਹਿ ਵੇਕਾਰ ॥ ਕੇਤੇ ਲੈ ਲੈ ਮੁਕਰੁ ਪਾਹਿ ॥ ਕੇਤੇ ਮੂਰਖ ਖਾਹੀ ਖਾਹਿ ॥ ਕੇਤਿਆ ਦੂਖ ਭੂਖ ਸਦ ਮਾਰ ॥ ਏਹਿ ਭਿ ਦਾਤਿ ਤੇਰੀ ਦਾਤਾਰ ॥ ਬੰਦਿ ਖਲਾਸੀ ਭਾਣੈ ਹੋਇ ॥ ਹੋਰੁ ਆਖਿ ਨ ਸਕੈ ਕੋਇ ॥ ਜੇ ਕੋ ਖਾਇਕੁ ਆਖਣਿ ਪਾਇ ॥ ਓਹੁ ਜਾਣੈ ਜੇਤੀਆ ਮੁਹਿ ਖਾਇ ॥ ਆਪੇ ਜਾਣੈ ਆਪੇ ਦੇਇ ॥ ਆਖਹਿ ਸਿ ਭਿ ਕੇਈ ਕੇਇ ॥ ਜਿਸ ਨੋ ਬਖਸੇ ਸਿਫਤਿ ਸਾਲਾਹ ॥ ਨਾਨਕ ਪਾਤਿਸਾਹੀ ਪਾਤਿਸਾਹੁ ॥੨੫॥ ਅਮੁਲ ਗੁਣ ਅਮੁਲ ਵਾਪਾਰ ॥ ਅਮੁਲ ਵਾਪਾਰੀਏ ਅਮੁਲ ਭੰਡਾਰ ॥ ਅਮੁਲ ਆਵਹਿ ਅਮੁਲ ਲੈ ਜਾਹਿ ॥ ਅਮੁਲ ਭਾਇ ਅਮੁਲਾ ਸਮਾਹਿ ॥ ਅਮੁਲੁ ਧਰਮੁ ਅਮੁਲੁ ਦੀਬਾਣੁ ॥ ਅਮੁਲੁ ਤੁਲੁ ਅਮੁਲੁ ਪਰਵਾਣੁ ॥ ਅਮੁਲੁ ਬਖਸੀਸ ਅਮੁਲੁ ਨੀਸਾਣੁ ॥ ਅਮੁਲੁ ਕਰਮੁ ਅਮੁਲੁ ਫੁਰਮਾਣੁ ॥ ਅਮੁਲੋ ਅਮੁਲੁ ਆਖਿਆ ਨ ਜਾਇ ॥ ਆਖਿ ਆਖਿ ਰਹੇ ਲਿਵ ਲਾਇ ॥ ਆਖਹਿ ਵੇਦ ਪਾਠ ਪੁਰਾਣ ॥ ਆਖਹਿ ਪੜੇ ਕਰਹਿ ਵਖਿਆਣ ॥ ਆਖਹਿ ਬਰਮੇ ਆਖਹਿ ਇੰਦ ॥

ਆਖਹਿ ਗੋਪੀ ਤੈ ਗੋਵਿੰਦ ॥ ਆਖਹਿ ਈਸਰ ਆਖਹਿ ਸਿਧ ॥ ਆਖਹਿ ਕੇਤੇ ਕੀਤੇ ਬੁਧ ॥ ਆਖਹਿ ਦਾਨਵ ਆਖਹਿ ਦੇਵ ॥ ਆਖਹਿ ਸੁਰਿ ਨਰ ਮੁਨਿ ਜਨ ਸੇਵ ॥ ਕੇਤੇ ਆਖਹਿ ਆਖਣਿ ਪਾਹਿ ॥ ਕੇਤੇ ਕਹਿ ਕਹਿ ਉਠਿ ਉਠਿ ਜਾਹਿ ॥ ਏਤੇ ਕੀਤੇ ਹੋਰਿ ਕਰੇਹਿ ॥ ਤਾ ਆਖਿ ਨ ਸਕਹਿ ਕੇਈ ਕੇਇ ॥ ਜੇਵਡੁ ਭਾਵੈ ਤੇਵਡੁ ਹੋਇ ॥ ਨਾਨਕ ਜਾਣੈ ਸਾਚਾ ਸੋਇ ॥ ਜੇ ਕੋ ਆਖੈ ਬੋਲੁਵਿਗਾੜੁ ॥ ਤਾ ਲਿਖੀਐ ਸਿਰਿ ਗਾਵਾਰਾ ਗਾਵਾਰੁ ॥੨੬॥ ਸੋ ਦਰੁ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਨਾਦ ਅਨੇਕ ਅਸੰਖਾ ਕੇਤੇ ਵਾਵਣਹਾਰੇ ॥ ਕੇਤੇ ਰਾਗ ਪਰੀ ਸਿਉ ਕਹੀਅਨਿ ਕੇਤੇ ਗਾਵਣਹਾਰੇ ॥ ਗਾਵਹਿ ਤੁਹਨੋ ਪਉਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਹਿ ਚਿਤੁ ਗੁਪਤੁ ਲਿਖਿ ਜਾਣਹਿ ਲਿਖਿ ਲਿਖਿ ਧਰਮੁ ਵੀਚਾਰੇ ॥ ਗਾਵਹਿ ਈਸਰੁ ਬਰਮਾ ਦੇਵੀ ਸੋਹਨਿ ਸਦਾ ਸਵਾਰੇ ॥ ਗਾਵਹਿ ਇੰਦ ਇਦਾਸਣਿ ਬੈਠੇ ਦੇਵਤਿਆ ਦਰਿ ਨਾਲੇ ॥ ਗਾਵਹਿ ਸਿਧ ਸਮਾਧੀ ਅੰਦਰਿ ਗਾਵਨਿ ਸਾਧ ਵਿਚਾਰੇ ॥ ਗਾਵਨਿ ਜਤੀ ਸਤੀ ਸੰਤੋਖੀ ਗਾਵਹਿ ਵੀਰ ਕਰਾਰੇ ॥ ਗਾਵਨਿ ਪੰਡਿਤ ਪੜਨਿ ਰਖੀਸਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਹਿ ਮੋਹਣੀਆ ਮਨੁ ਮੋਹਨਿ ਸੁਰਗਾ ਮਛ ਪਇਆਲੇ ॥ ਗਾਵਨਿ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਹਿ ਜੋਧ ਮਹਾਬਲ ਸੂਰਾ ਗਾਵਹਿ ਖਾਣੀ ਚਾਰੇ ॥ ਗਾਵਹਿ ਖੰਡ ਮੰਡਲ ਵਰਭੰਡਾ ਕਰਿ ਕਰਿ ਰਖੇ ਧਾਰੇ ॥ ਸੇਈ ਤੁਧੁਨੋ ਗਾਵਹਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਵੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਵੇਖੈ ਕੀਤਾ ਆਪਣਾ ਜਿਵ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਾਤਿਸਾਹਿਬੁ ਨਾਨਕ ਰਹਣੁ ਰਜਾਈ ॥੨੭॥ ਮੁੰਦਾ ਸੰਤੋਖੁ ਸਰਮੁ ਪਤੁ ਝੋਲੀ ਧਿਆਨ ਕੀ ਕਰਹਿ ਬਿਭੂਤਿ ॥ ਖਿੰਥਾ ਕਾਲੁ ਕੁਆਰੀ ਕਾਇਆ ਜੁਗਤਿ ਡੰਡਾ ਪਰਤੀਤਿ ॥ ਆਈ ਪੰਥੀ ਸਗਲ ਜਮਾਤੀ ਮਨਿ ਜੀਤੈ ਜਗੁ ਜੀਤੁ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੨੮॥ ਭੁਗਤਿ ਗਿਆਨੁ ਦਇਆ ਭੰਡਾਰਣਿ ਘਟਿ ਘਟਿ ਵਾਜਹਿ ਨਾਦ ॥ ਆਪਿ ਨਾਥੁ ਨਾਥੀ ਸਭ ਜਾ ਕੀ ਰਿਧਿ ਸਿਧਿ ਅਵਰਾ ਸਾਦ ॥ ਸੰਜੋਗੁ ਵਿਜੋਗੁ ਦੁਇ ਕਾਰ ਚਲਾਵਹਿ

ਲੇਖੇ ਆਵਹਿ ਭਾਗ ॥ ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੨੯॥
ਏਕਾ ਮਾਈ ਜੁਗਤਿ ਵਿਆਈ ਤਿਨਿ ਚੇਲੇ ਪਰਵਾਣੁ ॥ ਇਕੁ ਸੰਸਾਰੀ ਇਕੁ ਭੰਡਾਰੀ ਇਕੁ ਲਾਏ ਦੀਬਾਣੁ ॥ ਜਿਵ
ਤਿਸੁ ਭਾਵੈ ਤਿਵੈ ਚਲਾਵੈ ਜਿਵ ਹੋਵੈ ਫੁਰਮਾਣੁ ॥ ਓਹੁ ਵੇਖੈ ਓਨਾ ਨਦਰਿ ਨ ਆਵੈ ਬਹੁਤਾ ਏਹੁ ਵਿਡਾਣੁ ॥ ਆਦੇਸੁ
ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੩੦॥ ਆਸਣੁ ਲੋਇ ਲੋਇ ਭੰਡਾਰ ॥
ਜੋ ਕਿਛੁ ਪਾਇਆ ਸੁ ਏਕਾ ਵਾਰ ॥ ਕਰਿ ਕਰਿ ਵੇਖੈ ਸਿਰਜਣਹਾਰੁ ॥ ਨਾਨਕ ਸਚੇ ਕੀ ਸਾਚੀ ਕਾਰ ॥ ਆਦੇਸੁ
ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥੩੧॥ ਇਕ ਦੂ ਜੀਭੌ ਲਖ ਹੋਹਿ ਲਖ
ਹੋਵਹਿ ਲਖ ਵੀਸ ॥ ਲਖੁ ਲਖੁ ਗੇੜਾ ਆਖੀਅਹਿ ਏਕੁ ਨਾਮੁ ਜਗਦੀਸ ॥ ਏਤੁ ਰਾਹਿ ਪਤਿ ਪਵੜੀਆ ਚੜੀਐ
ਹੋਇ ਇਕੀਸ ॥ ਸੁਣਿ ਗਲਾ ਆਕਾਸ ਕੀ ਕੀਟਾ ਆਈ ਰੀਸ ॥ ਨਾਨਕ ਨਦਰੀ ਪਾਈਐ ਕੂੜੀ ਕੂੜੈ ਠੀਸ ॥੩੨॥
ਆਖਣਿ ਜੋਰੁ ਚੁਪੈ ਨਹ ਜੋਰੁ ॥ ਜੋਰੁ ਨ ਮੰਗਣਿ ਦੇਣਿ ਨ ਜੋਰੁ ॥ ਜੋਰੁ ਨ ਜੀਵਣਿ ਮਰਣਿ ਨਹ ਜੋਰੁ ॥ ਜੋਰੁ ਨ ਰਾਜਿ
ਮਾਲਿ ਮਨਿ ਸੋਰੁ ॥ ਜੋਰੁ ਨ ਸੁਰਤੀ ਗਿਆਨਿ ਵੀਚਾਰਿ ॥ ਜੋਰੁ ਨ ਜੁਗਤੀ ਛੁਟੈ ਸੰਸਾਰੁ ॥ ਜਿਸੁ ਹਥਿ ਜੋਰੁ ਕਰਿ
ਵੇਖੈ ਸੋਇ ॥ ਨਾਨਕ ਉਤਮੁ ਨੀਚੁ ਨ ਕੋਇ ॥੩੩॥ ਰਾਤੀ ਰੁਤੀ ਥਿਤੀ ਵਾਰ ॥ ਪਵਣ ਪਾਣੀ ਅਗਨੀ ਪਾਤਾਲ ॥
ਤਿਸੁ ਵਿਚਿ ਧਰਤੀ ਥਾਪਿ ਰਖੀ ਧਰਮ ਸਾਲ ॥ ਤਿਸੁ ਵਿਚਿ ਜੀਅ ਜੁਗਤਿ ਕੇ ਰੰਗ ॥ ਤਿਨ ਕੇ ਨਾਮ ਅਨੇਕ ਅਨੰਤ ॥
ਕਰਮੀ ਕਰਮੀ ਹੋਇ ਵੀਚਾਰੁ ॥ ਸਚਾ ਆਪਿ ਸਚਾ ਦਰਬਾਰੁ ॥ ਤਿਥੈ ਸੋਹਨਿ ਪੰਚ ਪਰਵਾਣੁ ॥ ਨਦਰੀ ਕਰਮਿ
ਪਵੈ ਨੀਸਾਣੁ ॥ ਕਚ ਪਕਾਈ ਓਥੈ ਪਾਇ ॥ ਨਾਨਕ ਗਇਆ ਜਾਪੈ ਜਾਇ ॥੩੪॥ ਧਰਮ ਖੰਡ ਕਾ ਏਹੋ
ਧਰਮੁ ॥ ਗਿਆਨ ਖੰਡ ਕਾ ਆਖਹੁ ਕਰਮੁ ॥ ਕੇਤੇ ਪਵਣ ਪਾਣੀ ਵੈਸੰਤਰ ਕੇਤੇ ਕਾਨ ਮਹੇਸ ॥ ਕੇਤੇ ਬਰਮੇ
ਘਾੜਤਿ ਘੜੀਅਹਿ ਰੂਪ ਰੰਗ ਕੇ ਵੇਸ ॥ ਕੇਤੀਆ ਕਰਮ ਭੂਮੀ ਮੇਰ ਕੇਤੇ ਕੇਤੇ ਧੂ ਉਪਦੇਸ ॥ ਕੇਤੇ ਇੰਦ ਚੰਦ
ਸੂਰ ਕੇਤੇ ਕੇਤੇ ਮੰਡਲ ਦੇਸ ॥ ਕੇਤੇ ਸਿਧ ਬੁਧ ਨਾਥ ਕੇਤੇ ਕੇਤੇ ਦੇਵੀ ਵੇਸ ॥ ਕੇਤੇ ਦੇਵ ਦਾਨਵ ਮੁਨਿ ਕੇਤੇ ਕੇਤੇ
ਰਤਨ ਸਮੁੰਦ ॥ ਕੇਤੀਆ ਖਾਣੀ ਕੇਤੀਆ ਬਾਣੀ ਕੇਤੇ ਪਾਤ ਨਰਿੰਦ ॥ ਕੇਤੀਆ ਸੁਰਤੀ ਸੇਵਕ ਕੇਤੇ ਨਾਨਕ
ਅੰਤੁ ਨ ਅੰਤੁ ॥੩੫॥ ਗਿਆਨ ਖੰਡ ਮਹਿ ਗਿਆਨੁ ਪਰਚੰਡੁ ॥ ਤਿਥੈ ਨਾਦ ਬਿਨੋਦ ਕੋਡ ਅਨੰਦੁ ॥

ਸਰਮ ਖੰਡ ਕੀ ਬਾਣੀ ਰੂਪੁ ॥ ਤਿਥੈ ਘਾੜਤਿ ਘੜੀਐ ਬਹੁਤੁ ਅਨੂਪੁ ॥ ਤਾ ਕੀਆ ਗਲਾ ਕਥੀਆ ਨਾ ਜਾਹਿ ॥ ਜੇ
ਕੋ ਕਹੈ ਪਿਛੈ ਪਛੁਤਾਇ ॥ ਤਿਥੈ ਘੜੀਐ ਸੁਰਤਿ ਮਤਿ ਮਨਿ ਬੁਧਿ ॥ ਤਿਥੈ ਘੜੀਐ ਸੁਰਾ ਸਿਧਾ ਕੀ ਸੁਧਿ ॥੩੬॥
ਕਰਮ ਖੰਡ ਕੀ ਬਾਣੀ ਜੋਰੁ ॥ ਤਿਥੈ ਹੋਰੁ ਨ ਕੋਈ ਹੋਰੁ ॥ ਤਿਥੈ ਜੋਧ ਮਹਾਬਲ ਸੂਰ ॥ ਤਿਨ ਮਹਿ ਰਾਮੁ ਰਹਿਆ
ਭਰਪੂਰ ॥ ਤਿਥੈ ਸੀਤੋ ਸੀਤਾ ਮਹਿਮਾ ਮਾਹਿ ॥ ਤਾ ਕੇ ਰੂਪ ਨ ਕਥਨੇ ਜਾਹਿ ॥ ਨਾ ਓਹਿ ਮਰਹਿ ਨ ਠਾਗੇ ਜਾਹਿ ॥ ਜਿਨ
ਕੈ ਰਾਮੁ ਵਸੈ ਮਨ ਮਾਹਿ ॥ ਤਿਥੈ ਭਗਤ ਵਸਹਿ ਕੇ ਲੋਅ ॥ ਕਰਹਿ ਅਨੰਦੁ ਸਚਾ ਮਨਿ ਸੋਇ ॥ ਸਚ ਖੰਡਿ ਵਸੈ
ਨਿਰੰਕਾਰੁ ॥ ਕਰਿ ਕਰਿ ਵੇਖੈ ਨਦਰਿ ਨਿਹਾਲ ॥ ਤਿਥੈ ਖੰਡ ਮੰਡਲ ਵਰਭੰਡ ॥ ਜੇ ਕੋ ਕਥੈ ਤ ਅੰਤ ਨ ਅੰਤ ॥ ਤਿਥੈ ਲੋਅ
ਲੋਅ ਆਕਾਰ ॥ ਜਿਵ ਜਿਵ ਹੁਕਮੁ ਤਿਵੈ ਤਿਵ ਕਾਰ ॥ ਵੇਖੈ ਵਿਗਸੈ ਕਰਿ ਵੀਚਾਰੁ ॥ ਨਾਨਕ ਕਥਨਾ ਕਰੜਾ ਸਾਰੁ
॥੩੭॥ ਜਤੁ ਪਾਹਾਰਾ ਧੀਰਜੁ ਸੁਨਿਆਰੁ ॥ ਅਹਰਣਿ ਮਤਿ ਵੇਦੁ ਹਥੀਆਰੁ ॥ ਭਉ ਖਲਾ ਅਗਨਿ ਤਪ ਤਾਉ ॥
ਭਾਂਡਾ ਭਾਉ ਅੰਮ੍ਰਿਤੁ ਤਿਤੁ ਢਾਲਿ ॥ ਘੜੀਐ ਸਬਦੁ ਸਚੀ ਟਕਸਾਲ ॥ ਜਿਨ ਕਉ ਨਦਰਿ ਕਰਮੁ ਤਿਨ ਕਾਰ ॥
ਨਾਨਕ ਨਦਰੀ ਨਦਰਿ ਨਿਹਾਲ ॥੩੮॥ ਸਲੋਕੁ ॥ ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥
ਦਿਵਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥ ਚੰਗਿਆਈਆ ਬੁਰਿਆਈਆ ਵਾਚੈ ਧਰਮੁ ਹਦੂਰਿ ॥
ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ
ਉਜਲੇ ਕੇਤੀ ਛੁਟੀ ਨਾਲਿ ॥੧॥

ਸੋ ਦਰੁ ਰਾਗੁ ਆਸਾ ਮਹਲਾ ੧ ੴ ਸਤਿਗੁਰ ਪ੍ਰਸਾਦਿ ॥ ਸੋ ਦਰੁ ਤੇਰਾ ਕੇਹਾ ਸੋ ਘਰੁ
ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ
ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥ ਗਾਵਨਿ ਤੁਧਨੋ ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾ
ਧਰਮੁ ਦੁਆਰੇ ॥ ਗਾਵਨਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਬੀਚਾਰੇ ॥ ਗਾਵਨਿ
ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨਿ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ
ਦੇਵਤਿਆ ਦਰਿ ਨਾਲੇ ॥ ਗਾਵਨਿ ਤੁਧਨੋ ਸਿਧ ਸਮਾਧੀ ਅੰਦਰਿ ਗਾਵਨਿ ਤੁਧਨੋ ਸਾਧ ਬੀਚਾਰੇ ॥

ਗਾਵਨਿ ਤੁਧਨੋ ਜਤੀ ਸਤੀ ਸੰਤੋਖੀ ਗਾਵਨਿ ਤੁਧਨੋ ਵੀਰ ਕਰਾਰੇ ॥ ਗਾਵਨਿ ਤੁਧਨੋ ਪੰਡਿਤ ਪੜਨਿ ਰਖੀਸੁਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥ ਗਾਵਨਿ ਤੁਧਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਨਿ ਤੁਧਨੋ ਜੋਧ ਮਹਾਬਲ ਸੂਰਾ ਗਾਵਨਿ ਤੁਧਨੋ ਖਾਣੀ ਚਾਰੇ ॥ ਗਾਵਨਿ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ ਸੇਈ ਤੁਧਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥ ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ ॥ ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ ॥ ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ ॥ ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿਸਾਹਿਬੁ ਨਾਨਕ ਰਹਣੁ ਰਜਾਈ ॥੧॥ ਆਸਾ ਮਹਲਾ ੧ ॥ ਸੁਣਿ ਵਡਾ ਆਖੈ ਸਭੁ ਕੋਇ ॥ ਕੇਵਡੁ ਵਡਾ ਡੀਠਾ ਹੋਇ ॥ ਕੀਮਤਿ ਪਾਇ ਨ ਕਹਿਆ ਜਾਇ ॥ ਕਹਣੈ ਵਾਲੇ ਤੇਰੇ ਰਹੇ ਸਮਾਇ ॥੧॥ ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ ॥ ਕੋਇ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ ॥੧॥ ਰਹਾਉ ॥ ਸਭਿ ਸੁਰਤੀ ਮਿਲਿ ਸੁਰਤਿ ਕਮਾਈ ॥ ਸਭ ਕੀਮਤਿ ਮਿਲਿ ਕੀਮਤਿ ਪਾਈ ॥ ਗਿਆਨੀ ਧਿਆਨੀ ਗੁਰ ਗੁਰਹਾਈ ॥ ਕਹਣੁ ਨ ਜਾਈ ਤੇਰੀ ਤਿਲੁ ਵਡਿਆਈ ॥੨॥ ਸਭਿ ਸਤ ਸਭਿ ਤਪ ਸਭਿ ਚੰਗਿਆਈਆ ॥ ਸਿਧਾ ਪੁਰਖਾ ਕੀਆ ਵਡਿਆਈਆ ॥ ਤੁਧੁ ਵਿਣੁ ਸਿਧੀ ਕਿਨੈ ਨ ਪਾਈਆ ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ ॥੩॥ ਆਖਣ ਵਾਲਾ ਕਿਆ ਵੇਚਾਰਾ ॥ ਸਿਫਤੀ ਭਰੇ ਤੇਰੇ ਭੰਡਾਰਾ ॥ ਜਿਸੁ ਤੂ ਦੇਹਿ ਤਿਸੈ ਕਿਆ ਚਾਰਾ ॥ ਨਾਨਕ ਸਚੁ ਸਵਾਰਣਹਾਰਾ ॥੪॥੨॥ ਆਸਾ ਮਹਲਾ ੧ ॥ ਆਖਾ ਜੀਵਾ ਵਿਸਰੈ ਮਰਿ ਜਾਉ ॥ ਆਖਣਿ ਅਉਖਾ ਸਾਚਾ ਨਾਉ ॥ ਸਾਚੇ ਨਾਮ ਕੀ ਲਾਗੈ ਭੂਖ ॥ ਉਤੁ ਭੂਖੈ ਖਾਇ ਚਲੀਅਹਿ ਦੂਖ ॥੧॥ ਸੋ ਕਿਉ ਵਿਸਰੈ ਮੇਰੀ ਮਾਇ ॥ ਸਾਚਾ ਸਾਹਿਬੁ ਸਾਚੈ ਨਾਇ ॥੧॥ ਰਹਾਉ ॥ ਸਾਚੇ ਨਾਮ ਕੀ ਤਿਲੁ ਵਡਿਆਈ ॥ ਆਖਿ ਥਕੇ ਕੀਮਤਿ ਨਹੀ ਪਾਈ ॥ ਜੇ ਸਭਿ ਮਿਲਿ ਕੈ ਆਖਣ ਪਾਹਿ ॥ ਵਡਾ ਨ ਹੋਵੈ ਘਾਟਿ ਨ ਜਾਇ ॥੨॥ ਨਾ ਓਹੁ ਮਰੈ ਨ ਹੋਵੈ ਸੋਗੁ ॥ ਦੇਦਾ ਰਹੈ ਨ ਚੂਕੈ ਭੋਗੁ ॥ ਗੁਣੁ ਏਹੋ ਹੋਰੁ ਨਾਹੀ ਕੋਇ ॥ ਨਾ ਕੋ ਹੋਆ ਨਾ ਕੋ ਹੋਇ ॥੩॥ ਜੇਵਡੁ ਆਪਿ ਤੇਵਡ ਤੇਰੀ ਦਾਤਿ ॥

ਜਿਨਿ ਦਿਨੁ ਕਰਿ ਕੈ ਕੀਤੀ ਰਾਤਿ ॥ ਖਸਮੁ ਵਿਸਾਰਹਿ ਤੇ ਕਮਜਾਤਿ ॥ ਨਾਨਕ ਨਾਵੈ ਬਾਝੁ ਸਨਾਤਿ ॥੪॥੩॥ ਰਾਗੁ ਗੂਜਰੀ ਮਹਲਾ ੪ ॥ ਹਰਿ ਕੇ ਜਨ ਸਤਿਗੁਰ ਸਤਪੁਰਖਾ ਬਿਨਉ ਕਰਉ ਗੁਰ ਪਾਸਿ ॥ ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ ॥੧॥ ਮੇਰੇ ਮੀਤ ਗੁਰਦੇਵ ਮੋ ਕਉ ਰਾਮ ਨਾਮੁ ਪਰਗਾਸਿ ॥ ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ ॥੧॥ ਰਹਾਉ ॥ ਹਰਿ ਜਨ ਕੇ ਵਡ ਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ ॥ ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ ॥੨॥ ਜਿਨ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ ॥ ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ ॥੩॥ ਜਿਨ ਹਰਿ ਜਨ ਸਤਿਗੁਰ ਸੰਗਤਿ ਪਾਈ ਤਿਨ ਧੁਰਿ ਮਸਤਕਿ ਲਿਖਿਆ ਲਿਖਾਸਿ ॥ ਧਨੁ ਧੰਨੁ ਸਤਸੰਗਤਿ ਜਿਤੁ ਹਰਿ ਰਸੁ ਪਾਇਆ ਮਿਲਿ ਜਨ ਨਾਨਕ ਨਾਮੁ ਪਰਗਾਸਿ ॥੪॥੪॥ ਰਾਗੁ ਗੂਜਰੀ ਮਹਲਾ ੫ ॥ ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ ਹਰਿ ਜੀਉ ਪਰਿਆ ॥ ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ ਧਰਿਆ ॥੧॥ ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸੁ ਤਰਿਆ ॥ ਗੁਰ ਪਰਸਾਦਿ ਪਰਮ ਪਦੁ ਪਾਇਆ ਸੂਕੇ ਕਾਸਟ ਹਰਿਆ ॥੧॥ ਰਹਾਉ ॥ ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ ॥ ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ ॥੨॥ ਊਡੇ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ ॥ ਤਿਨ ਕਵਣੁ ਖਲਾਵੈ ਕਵਣੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ ॥੩॥ ਸਭਿ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ ॥ ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ ॥੪॥੫॥

ਰਾਗੁ ਆਸਾ ਮਹਲਾ ੪ ਸੋ ਪੁਰਖੁ

ੴ ਸਤਿਗੁਰ ਪ੍ਰਸਾਦਿ ॥

ਸੋ ਪੁਰਖੁ ਨਿਰੰਜਨੁ ਹਰਿ ਪੁਰਖੁ ਨਿਰੰਜਨੁ ਹਰਿ ਅਗਮਾ ਅਗਮ ਅਪਾਰਾ ॥ ਸਭਿ ਧਿਆਵਹਿ ਸਭਿ ਧਿਆਵਹਿ ਤੁਧੁ ਜੀ ਹਰਿ ਸਚੇ ਸਿਰਜਣਹਾਰਾ ॥ ਸਭਿ ਜੀਅ ਤੁਮਾਰੇ ਜੀ ਤੂੰ ਜੀਆ ਕਾ ਦਾਤਾਰਾ ॥ ਹਰਿ ਧਿਆਵਹੁ ਸੰਤਹੁ ਜੀ ਸਭਿ ਦੂਖ ਵਿਸਾਰਣਹਾਰਾ ॥ ਹਰਿ ਆਪੇ ਠਾਕੁਰੁ ਹਰਿ ਆਪੇ ਸੇਵਕੁ ਜੀ